ਡਾਇਰੈਕਟਰ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਛੇਵੀਂ ਮੰਜ਼ਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼-8, ਮੋਹਾਲੀ

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ./ਐ.ਸਿੱ)

ਪੰਜਾਬ।

ਮੀਮੋ ਨੰਬਰ: ਸਹਾਇਕ ਡਾਇਰੈਕਟਰ (ਸ.ਡ.ਪ.)/81

ਮਿਤੀ: 08-08-24.

ਵਿਸ਼ਾ: ਦੋ ਰੋਜ਼ਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਸੰਬੰਧੀ।

1.0 ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਪੰਜਾਬ ਭਵਨ ਸਰੀ ਕਨੇਡਾ ਵਲੋਂ ਵਿਦਿਆਰਥੀਆਂ ਦੀ ਸਿਰਜਨਾਤਮਕਤਾ ਨੂੰ ਉਤਸਾਹਿਤ ਕਰਨ ਲਈ "ਨਵੀਆਂ ਕਲਮਾਂ ਨਵੀਂ ਉਡਾਣ" ਪ੍ਰਾਜੈਕਟ ਤਹਿਤ ਮਿਤੀ 16 ਅਤੇ 17 ਨਵੰਬਰ 2024 ਨੂੰ ਸੰਤ ਤੇਜਾ ਸਿੰਘ ਹਾਲ, ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ, ਮਸਤੂਆਣਾ ਸਾਹਿਬ, ਜ਼ਿਲ੍ਹਾ ਸੰਗਰੂਰ ਵਿਖੇ ਦੋ ਰੋਜ਼ਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਕਰਵਾਈ ਜਾ ਰਹੀ ਹੈ। ਜਿਸ ਵਿੱਚ ਕੇਵਲ ਉਹੀ ਵਿਦਿਆਰਥੀ ਭਾਗ ਲੈ ਸਕਦੇ ਹਨ ਜਿਨ੍ਹਾਂ ਦੇ ਲੇਖ "ਨਵੀਆਂ ਕਲਮਾਂ ਨਵੀਂ ਉਡਾਣ" ਕਿਤਾਬ ਵਿੱਚ ਛਪੇ ਹੋਣ।

2.0 "ਨਵੀਆਂ ਕਲਮਾਂ ਨਵੀਂ ਉਡਾਣ" ਕਿਤਾਬ ਲਈ ਲੇਖ ਪ੍ਰਾਪਤ ਕਰਨ ਲਈ ਉਕਤ ਸੰਸਥਾਂ ਵਲੋਂ ਜ਼ਿਲ੍ਹੇ ਪੱਧਰ ਦੇ ਮੁਕਾਬਲੇ ਵੀ ਕਰਵਾਏ ਜਾਣੇ ਹਨ। ਜਿਸ ਲਈ ਵਿਦਿਆਰਥੀਆਂ ਨੂੰ ਉਤਸਾਹਿਤ ਕਰਨ ਦੀ ਲੋੜ ਹੈ।

3.0 ਉਕਤ ਦੇ ਸਨਮੁੱਖ ਆਪ ਨੂੰ ਪ੍ਰਾਪਤ ਪ੍ਰਾਸਪੈਕਟਸ ਮੂਲ ਰੂਪ ਵਿੱਚ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਨੂੰ ਗਹੁ-ਪੂਰਵਕ ਵਿਚਾਰਦੇ ਹੋਏ ਰੂਲਾਂ/ਨਿਯਮਾਂ ਦੀ ਪਾਲਣਾ ਕੀਤੀ ਜਾਵੇ ਅਤੇ ਵਿਦਿਆਰਥੀਆਂ ਦੇ ਮਾਪਿਆਂ ਦੀ ਸਹਿਮਤੀ ਵੀ ਲਈ ਜਾਵੇ।

ਅਮਨਿੰਦਰ ਕੋਰ, ਪੀ.ਸੀ.ਐਸ.
ਡਾਇਰੈਕਟਰ
ਐੱਸ.ਸੀ.ਈ.ਆਰ.ਟੀ. ਪੰਜਾਬ

ਪਿਠ ਅੰਕਣ ਨੰ: ਉਕਤ                                        ਮਿਤੀ: 08-08-24

ਉਕਤ ਦਾ ਉਤਾਰਾ ਪੀ.ਏ. ਟੂ ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਪੰਜਾਬ ਨੂੰ ਸੂਚਨਾ ਅਤੇ ਸੰਬੰਧਤ ਸਕੂਲ ਮੁੱਖੀਆਂ ਨੂੰ ਅਗਲੇਰੀ ਕਾਰਵਾਈ ਹਿੱਤ ਪੇਸ਼ ਹੈ।

(ਡਾ. ਅਮਨਦੀਪ ਕੋਰ)
ਸਹਾਇਕ ਡਾਇਰੈਕਟਰ (ਸ.ਡ.ਪ.)
ਐੱਸ.ਸੀ.ਈ.ਆਰ.ਟੀ. ਪੰਜਾਬ।

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ
ਪਿਠ ਅੰਕਣ ਨੰ :ਜੀ-1/1 ( )2024/ 10101                    ਮਿਤੀ: 13/07/2024
ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ,ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ